ਸਥਾਨਕ ਸਰਕਾਰ, ਵਿਭਾਗ
(ਲੇਖਾ ਸਾਖਾ)

ਸੇਵਾ ਵਿਖੇ

ਕਾਰਜ ਸਾਧਕ ਅਫਸਰ,
ਨੱਗਰ ਕੌਂਸਲ, ਮੋਗਾ ।
ਯਾਦ ਪੱਤਰ ਨੰ: ਸਸ-3-ਡਸਸ-ਓਕਵਲ-(੨੬)-2009/ 33409
ਮਿਤੀ: 21-12-09

No. 1518-D
3 DEC 2009

ਵਿਸ਼ਾ: ਨੱਗਰ ਕੌਂਸਲ, ਮੋਗਾ ਦਾ ਬਜੱਟ ਸਾਲ 2009-2010 ਸੰਬਧੀ ।

*********

ਉਪਰੋਕਤ ਵਿਸੇ ਦੇ ਸੰਬਧ ਵਿੱਚ ।

2. ਪੰਜਾਬ ਮਿਉਂਸੀਪਲ ਅਕਾਂਉਂਟ ਕੋਡ,1930 ਦੇ ਨਿਯਮ 11.08 ਅਧੀਨ ਨੱਗਰ ਕੌਂਸਲ, ਮੋਗਾ ਦਾ ਸੋਧਿਆ ਬਜੱਟ ਅਨੂਮਾਨ ਸਾਲ 2008-09 ਅਤੇ ਬਜੱਟ ਅਨੁਮਾਨ 2009-10 ਹੇਠ ਦਰਸਾਈਆਂ ਸਰਤਾਂ/ ਸੋਧਾ ਅਨੁਸਾਰ ਡਾਇਰੈਕਟਰ, ਸਥਾਨਕ ਸਰਕਾਰ, ਪੰਜਾਬ ਵਲੋਂ ਪ੍ਰਵਾਨ ਕੀਤਾ ਜਾਂਦਾ ਹੈ:-

(ਰਕਮ ਲੱਖਾਂ ਵਿੱਚ )

| ਆਮਦਣ | ਸਥਾਨਕ ਸੰਸਥਾਂ ਦੀ ਤਜਵੀਜ | ਵਿਭਾਗ ਦੀ ਪ੍ਰਵਾਨਗੀ |
|---|---|---|
| ਮਿਤੀ 01/04/2009 ਨੂੰ ਮੁੱਢਲਾ ਬਕਾਇਆ | 1514.14 | 1514.14 |
| ਸਾਲ 2009-2010 ਲਈ ਆਮਦਨ | 2771.00 | 2196.95 |
| ਕੁਲ | 4285.14 | 3711.09 |
| ਖਰਚਾ | | |
| ੳ) ਅਮਲਾ | 923.00 | 1200.00 |
| ਅ) ਕੰਟੀਜੈਂਸੀ | 112.00 | 112.00 |
| ੲ) ਵਿਕਾਸ ਦੇ ਕੰਮਾਂ ਲਈ | 1736.00 | 984.95 |
| ਸ) ਹੋਰ ਸਾਧਨ | - | - |
| ਕੁਲ | 2771.00 | 2296.95 |
| ਮਿਤੀ 31/3/2010 ਲਈ ਅੰਤਿਮ ਬਕਾਇਆ | 1514.14 | 1414.14 |
| ਕੁਲ | 4285.14 | 3711.09 |

ਉਕਤ ਦਰਸਾਈ ਆਮਦਨ ਅਤੇ ਖਰਚੇ ਦਾ ਵੇਰਵਾ :-

**ਆਮਦਨ:-** ਇਸ ਮੱਦ ਅਧੀਨ , ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦੀ, ਕੁਲ ਆਮਦਨ ਰੁਪਏ 3711.09 ਲੱਖ ਪ੍ਰਵਾਨ ਕੀਤੀ ਜਾਂਦੀ ਹੈ:-

| ਹੈਡ ਦਾ ਨਾਮ | ਸਥਾਨਕ ਸੰਸਥਾਂ ਦੀ ਤਜਵੀਜ | ਵਿਭਾਗ ਦੀ ਪ੍ਰਵਾਨਗੀ |
|---|---|---|
| ਚੂੰਗੀ ਵੈਟ | 1400.00 | 1500.00 |
| ਚੂੰਗੀ ਬਿਜਲੀ | 90.00 | 85.00 |
| ਹਾਊਸ ਟੈਕਸ | 190.00 | 70.00 |
| ਰੈਂਟ | 34.00 | 30.00 |
| ਵਾਟਰ ਰੇਟ :ਯੂਜਰ ਚਾਰਜਿਜ | 200.00 | 100.00 |
| ਸੀਵਰੇਜ :ਯੂਜਰ ਚਾਰਜਿਜ | 100.00 | 50.00 |
| ਕੁਨੈਕਸਨ ਚਾਰਜਿਜ | 01.00 | 00.50 |
| ਰੋਡ ਕਟਿੰਗ ਚਾਰਜਿਜ | 12.00 | 05.00 |
| ਬਿਲਡਿੰਗ ਐਪਲੀਕੇਸਨ | 95.00 | 60.00 |
| ਐਡਵਰਟਾਈਜਮੈਂਟ | 13.00 | 07.00 |
| ਸੋ ਟੈਕਸ | 00.50 | 00.20 |
| ਇੰਟਰਟੇਂਨਮੈਂਟ ਟੈਕਸ | 00.30 | 00.05 |
| ਅਦਰਜ | 108.00 | 100.00 |

117.25

| | | |
|---|---|---|
| ਐਡੀਸ਼ਨਲ ਐਕਸਾਇਜ ਡਿਊਟੀ | 120.00 | 50.00 |
| ਸੇਲ ਆਫ ਲੈਂਡ | 268.00 | - |
| | **2631.80** | **2057.75** |

**ਖਰਚਾ:** ਖਰਚਾ: ਇਸ ਮੱਦ ਅਧੀਨ ਸਾਲ 2009-2010 ਲਈ ਖਰਚਾ ਰੁਪਏ 1200.00 ਲੱਖ ਪ੍ਰਵਾਨ ਕੀਤਾ ਜਾਂਦਾ ਹੈ ।

ਕੰਟੀਜੈਂਸੀ:- ਇਸ ਮੱਦ ਅਧੀਨ ਸਾਲ 2009-2010 ਲਈ ਖਰਚਾ ਰੁਪਏ 112.00 ਲੱਖ ਪ੍ਰਵਾਨ ਕੀਤਾ ਜਾਂਦਾ ਹੈ ।

ਵਿਕਾਸ:- ਇਸ ਮੱਦ ਅਧੀਨ , ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦਾ , ਕੁਲ ਖਰਚਾ ਰੁਪਏ 984.95 ਲੱਖ ਪ੍ਰਵਾਨ ਕੀਤਾ ਜਾਂਦਾ ਹੈ :-

| ਹੈਡ ਦਾ ਨਾਮ | ਸਥਾਨਕ ਸੰਸਥਾਂ ਦੀ ਤਜਵੀਜ | ਵਿਭਾਗ ਦੀ ਪ੍ਰਵਾਨਗੀ |
|---|---|---|
| ਕਮਿਟਿੱਡ | 455.00 | 455.00 |
| ਨਾਨ ਕਮਿਟਿੱਡ | 1281.00 | 529.95 |
| | **1736.00** | **984.95** |

ਮਿਤੀ 31/3/2010 ਲਈ ਅੰਤਮ ਬਕਾਇਆ ਰੁਪਏ 1414.14 ਲੱਖ ਰੁਪਏ ਨਿਸਚਿਤ ਕੀਤਾ ਹੈ ।

ਕਾਰਜ ਸਾਧਕ ਅਫਸਰ, ਨਗਰ ਕੌਂਸਲ, ਮੋਗਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਾਲ 2009-2010 ਲਈ ਨਿਸਚਿਤ ਕੀਤੀ ਗਈ ਆਮਦਨ ਦੇ ਟੀਚੇ ਨੂੰ ਹਰ ਹਾਲਤ ਵਿੱਚ ਪ੍ਰਾਪਤ ਕੀਤਾ ਜਾਵੇ ਅਤੇ ਪ੍ਰਵਾਨਤ ਖਰਚੇ ਨੂੰ ਪ੍ਰਾਪਤ ਹੋਣ ਵਾਲੀ ਆਮਦਨ ਦੇ ਸਨਮੁੱਖਤੀ ਕੀਤਾ ਜਾਵੇ । ਸਾਲ ਦੇ ਅੰਤ ਤੇ ਤਜਵੀਜਤ ਬਕਾਏ ਨੂੰ ਬਰਕਰਾਰ ਰਖਿਆ ਜਾਵੇ ।

ਸ਼ਰਤਾਂ:-

1. ਸਾਲ 2009-10 ਲਈ ਮਿਥਿਆ ਗਿਆ ਆਮਦਨ ਦਾ ਟੀਚਾ ਪੂਰਾ ਕਰਨ ਲਈ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਅਤੇ ਪ੍ਰਧਾਨ/ਪ੍ਰਸ਼ਾਸ਼ਕ ਦੀ ਸਾਂਝੀ ਜੁੰਮੇਵਾਰੀ ਹੋਵੇਗੀ ।
2. ਨਗਰ ਕੌਂਸਲ ਅੰਦਰ ਪੈਂਦੀਆਂ ਸਾਰੀਆਂ ਇਮਾਰਤਾਂ ਦਾ ਹਾਊਸ ਟੈਕਸ ਅਤੇ ਹੋਰ ਤਰ੍ਹਾਂ ਦੀ ਉਗਰਾਹੀ ਲਈ ਸਰਵੇ ਤਿੰਨ ਮਹੀਨੇ ਦੇ ਅੰਦਰ-ਅੰਦਰ ਮੁਕੰਮਲ ਕਰਵਾਇਆ ਜਾਵੇਂ ਅਤੇ ਏਰੀਅਰ ਦੀ 100% ਰਿਕਵਰੀ ਯਕੀਨੀ ਬਣਾਈ ਜਾਵੇ ।
3. ਅਮਲੇ ਦੇ ਖਰਚੇ ਅਤੇ ਦਫਤਰੀ ਖਰਚੇ ਨੂੰ ਹੋਰ ਘੱਟ ਕਰਨ ਸਬੰਧੀ ਉਪਰਾਲੇ ਕੀਤੇ ਜਾਣ । ਇਨ੍ਹਾਂ ਖਰਚਿਆਂ ਨੂੰ ਨਾਰਮ ਵਿੱਚ ਲਿਆਂਦਾ ਜਾਵੇ ।
4. ਕਿਸੇ ਵੀ ਖਰਚੇ ਦੀ ਮੱਦ ਅਧੀਨ ਪ੍ਰਵਾਨ ਕੀਤੇ ਖਰਚੇ ਤੋਂ ਵੱਧ ਖਰਚਾ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਲਏ ਬਗੈਰ ਨਾ ਕੀਤਾ ਜਾਵੇ ਅਤੇ ਨਾ ਹੀ ਅਗਾਊਂ ਪ੍ਰਵਾਨਗੀ ਆਉਣ ਦੀ ਆਸ ਵਿੱਚ ਕੀਤਾ ਜਾਵੇ ।
5. ਕੋਈ ਨਵੀਂ ਅਸਾਮੀ/ਖਾਲੀ ਅਸਾਮੀ ਸਥਾਨਕ ਸਰਕਾਰ ਵਿਭਾਗ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਨਾ ਭਰੀ ਜਾਵੇ ।
6. ਇਸ ਵਿਭਾਗ ਦੀ ਪ੍ਰਵਾਨਗੀ ਤੋਂ ਬਗੈਰ ਕਿਸੇ ਅਸਾਮੀ ਦੀ ਤਬਦੀਲੀ ਨਾ ਕੀਤੀ ਜਾਵੇ ਅਤੇ ਕਰਮਚਾਰੀ ਦਾ ਕਾਡਰ ਵੀ ਤਬਦੀਲ ਨਾ ਕੀਤਾ ਜਾਵੇ ।
7. ਕੋਈ ਵੀ ਵਹੀਕਲ ਇਸ ਦਫਤਰ ਦੀ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਖਰੀਦ ਨਾ ਕੀਤਾ ਜਾਵੇ ।
8. ਡੇਲੀਵੇਜਿਜ ਜਾਂ ਕੰਟਰੈਕਟ ਦੇ ਅਧਾਰ ਤੇ ਇਸ ਦਫਤਰ ਦੀ ਵਿਸੇਸ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਕੋਈ ਵੀ ਨਿਯੁਕਤੀ ਨਾ ਕੀਤੀ ਜਾਵੇ ।
9. ਕੰਟਰੈਕਟ/ਠੇਕੇ ਤੇ ਭਰਤੀ ਕਰਨ ਦੀ ਬਜਾਏ ਜਿੱਥੋਂ ਤੱਕ ਸੰਭਵ ਹੋਵੇ ਕਿਸੇ ਬਾਹਰੀ ਸੰਸਥਾ ਤੋਂ ਲੋੜੀਂਦੇ ਸਟਾਫ ਦੀਆਂ ਸੇਵਾਵਾਂ ਪ੍ਰਾਪਤ ਕੀਤੀਆਂ ਜਾਣ ਤਾਂ ਜੋ ਸਥਾਨਕ ਸੰਸਥਾ ਨੂੰ ਭਵਿੱਖ ਵਿੱਚ ਕਿਸੇ ਕਿਸਮ ਦੀ ਕਾਨੂੰਨੀ ਅੜਚਨ ਨਾ ਆਵੇ ।

10.ਚੰਡੀਗੜ੍ਹ ਵਿਖੇ ਉਸਾਰੇ ਜਾਣ ਵਾਲੇ ਮਿਊਂਸਪਲ ਭਵਨ ਲਈ ਨਗਰ ਕੌਂਸਲ ਦੀ ਕੁਲ ਆਮਦਨ ਦਾ 1% ਦੀ ਰਾਸੀ ਦਾ ਉਪਬੰਧ ਕੀਤਾ ਜਾਂਦਾ ਹੈ ।

11.<u>ਵਿਕਾਸ</u> : ਵਰਕਸ ਦਾ ਖਰਚਾ ਸਪਲਿਟ ਕਰਨ ਤੇ ਪਾਬੰਦੀ ਹੈ । ਹਰ ਹਾਲਤ ਵਿੱਚ ਜੋ ਪੈਸੇ ਸਰਕਾਰ ਵੱਲੋਂ ਦਿੱਤੇ ਜਾਂਦੇ ਹਨ, ਉਸ ਨਾਲ ਕੰਮ ਵੀ ਸਮੇਂ ਸੀਮਾਂ ਅਤੇ ਮਿਥੇ ਤਖਮੀਨੇ ਵਿੱਚ ਮੁਕੰਮਲ ਕੀਤਾ ਜਾਵੇ । ਗਰਾਂਟ ਦਾ ਖਰਚਾ ਸਕੀਮ ਵਿੱਚ ਦਰਜ ਹਦਾਇਤਾਂ ਅਨੁਸਾਰ ਕੀਤਾ ਜਾਵੇ ਅਤੇ ਵਰਤੋਂ ਸਰਟੀਫਿਕੇਟ ਮੁੱਖ ਦਫਤਰ ਵਿਖੇ ਸਬੰਧਤ ਸਾਖਾ ਨੂੰ ਸਮੇਂ-ਸਿਰ ਪੁੱਜਦਾ ਕੀਤਾ ਜਾਵੇ । ਕੌਂਸਲ ਵੱਲੋਂ ਹਰ ਸਾਲ ਅਪਣੀ ਪ੍ਰਬੰਧਕੀ ਰਿਪੋਰਟ ਤਿਆਰ ਕਰਕੇ ਸਮੇਂ ਸਿਰ ਸਰਕਾਰ ਨੂੰ ਭੇਜੀ ਜਾਵੇ । ਵਰਕਚਾਰਜ ਅਮਲੇ ਤੇ ਹੋਣ ਵਾਲਾ ਖਰਚਾ ਵਿਕਾਸ ਦੀ ਮੱਦ ਹੇਠ ਨਾ ਕੀਤਾ ਜਾਵੇ ਉਸ ਨੂੰ ਅਮਲੇ ਦੀ ਮੱਦ ਵਿੱਚ ਕੀਤਾ ਜਾਵੇ ।

12.ਫਾਇਰ ਬ੍ਰਿਗੇਡ ਲਈ ਲੋੜੀਂਦੇ ਡਰਾਈਵਰ ਪਾਸਕੋ ਤੋਂ ਜਾਂ ਕਿਸੇ ਬਾਹਰੀ ਸੰਸਥਾ ਤੋਂ ਲਏ ਜਾਣ ।

13.ਸਾਲ 2009-10 ਦੌਰਾਨ ਵਿਕਾਸ ਦੇ ਕੰਮਾਂ ਦੀ ਜੋ ਸੂਚੀ ਬਜਟ ਅਨੁਮਾਨ ਨਾਲ ਭੇਜੀ ਹੈ ਉਸ ਦੇ ਅਨੁਸਾਰ ਹੀ ਵਿਕਾਸ ਦੇ ਕੰਮ ਕਰਵਾਏ ਜਾਣ ਨੂੰ ਯਕੀਨੀ ਬਣਾਇਆ ਜਾਵੇ ।

14.ਕਰਮਚਾਰੀਆਂ ਨੂੰ ਮਿਲਣ ਵਾਲੇ ਰਿਟਾਇਰਲ ਡਿਊਜ, ਜੀ.ਪੀ.ਫੰਡ ਦੀ ਅਦਾਇਗੀ, ਪੈਨਸ਼ਨ ਫੰਡ ਦੀ ਅਦਾਇਗੀ, ਹੁਡਕੋ ਅਤੇ ਐਲ.ਆਈ.ਸੀ.ਦੇ ਕਰਜਿਆਂ ਦੀ ਅਦਾਇਗੀ ਨੂੰ ਫਸਟ ਚਾਰਜ ਰੱਖਦੇ ਹੋਏ ਪਹਿਲ ਦੇ ਅਧਾਰ ਤੇ ਅਦਾਇਗੀ ਕੀਤੀ ਜਾਵੇ ।

15.ਕਰਮਚਾਰੀਆਂ ਨੂੰ ਕਰਜੇ ਦੇਣ ਦੇ ਸਬੰਧ ਵਿੱਚ ਰਾਜ ਸਰਕਾਰ ਦੁਆਰਾ ਆਪਣੇ ਕਰਮਚਾਰੀਆਂ ਲਈ ਜਾਰੀ ਕੀਤੇ ਦਿਸਾ-ਨਿਰਦੇਸਾਂ ਦੀ ਪਾਲਣਾ ਕੀਤੀ ਜਾਵੇ ।

16.ਸਹਿਰੀ ਗਰੀਬਾਂ ਨੂੰ ਮੁਢਲੀ ਸਹੂਲਤਾਂ ਦੇਣ ਸਬੰਧੀ ਉਪਰਾਲੇ ਕੀਤੇ ਜਾਣ ।

17.ਸਾਲ 2009-10 ਦੇ ਪ੍ਰਵਾਨ ਕੀਤੇ ਬਜਟ/ਆਮਦਨ ਦਾ 1% ਨਗਰ ਕੌਂਸਲ ਦੇ ਵਿਕਾਸ ਦੇ ਫੰਡ ਵਿੱਚੋਂ ਸਹਿਰ ਦੀ ਹਰਿਆਵਲੀ/ਗਰੀਨਰੀ ਲਈ ਵਰਤਿਆ ਜਾਵੇ ।

18.ਸਥਾਨਕ ਸੰਸਥਾ ਦੇ ਦਫਤਰ ਵਿੱਚ ਕੰਪਿਊਟਰਾਈਜੇਸਨ ਕਰਨ ਲਈ ਬਜਟ ਦੇ ਫੰਡਾਂ ਵਿੱਚੋਂ ਆਪ ਦੇ ਅਧਿਕਾਰੀਆਂ / ਕਰਮਚਾਰੀਆਂ ਨੂੰ ਕੰਪਿਊਟਰ ਟਰੇਨਿੰਗ ਆਪਣੇ ਪੱਧਰ ਤੇ ਕਰਵਾਈ ਜਾਵੇ ਅਤੇ ਸਾਰੀਆਂ ਬਰਾਂਚਾਂ ਦੀ ਨੈਟ-ਵਰਕਿੰਗ ਕਰਕੇ ਕੰਪਿਊਟਰਾਈਜੇਸਨ ਹਰ ਹਾਲਤ ਵਿੱਚ ਕੀਤੀ ਜਾਵੇ ।

19.ਕਿਸੇ ਵੀ ਸਥਾਨਕ ਸੰਸਥਾ ਦੇ ਸਬੰਧ ਵਿੱਚ ਆਡਿਟ ਵੱਲੋਂ ਜੋ ਇਤਰਾਜ ਲਗਾਏ ਜਾਂਦੇ ਹਨ ਉਨ੍ਹਾਂ ਦਾ ਉੱਤਰ ਆਡਿਟ ਨੋਟ ਵਿੱਚ ਦਰਸਾਏ ਅਨੁਸਾਰ ਸਮੇਂ ਸਿਰ ਸਾਰੇ ਪੈਰ੍ਹੇ ਨਾਲ-ਨਾਲ ਸੈਟਲ ਕਰਵਾਏ ਜਾਣ ।

ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ )

ਸਥਾਨਕ ਸਰਕਾਰ, ਪੰਜਾਬ । 21/12

ਪਿੱਠ ਅੰਕਣ ਨੰ: ਸਸ-3-ਡਸਸ-ਓਕਵਲ-(26)-09/ 33410 ਮਿਤੀ: 21-12-09

ਇਸ ਦਾ ਇੱਕ ਉਤਾਰਾ ਰਿਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਫਿਰੋਜਪੁਰ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ।

ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ )

ਸਥਾਨਕ ਸਰਕਾਰ, ਪੰਜਾਬ । 21/12